**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵੰਤ ਸਿੰਘ, (ਮੋਬ; 97790-56605)
ਪੁੱਤਰ ਸ਼੍ਰੀ ਜੀਵਨ ਸਿੰਘ,
ਪਿੰਡ ਮਿਹਰਬਾਨ, ਡਾਕਖਾਨਾ ਬਸਤੀ ਜ਼ੋਧੇਵਾਲ,
ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ (ਪੂਰਬੀ)। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ,
ਲੁਧਿਆਣਾ (ਪੂਰਬੀ)।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਲੁਧਿਆਣਾ (ਪੂਰਬੀ)। --------ਉੱਤਰਦਾਤਾ

**ਅਪੀਲ ਕੇਸ ਨੰ: 937/2019**

**ਹਾਜ਼ਰ:-**

1) ਸ਼੍ਰੀ ਬਲਵੰਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਮਿੰਦਰ ਸਿੰਘ, ਰੀਡਰ (81467-18888)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-07-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਲੁਧਿਆਣਾ (ਪੂਰਬੀ) ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਤਹਿਸੀਲਦਾਰ , ਲੁਧਿਆਣਾ (ਪੂਰਬੀ) ਵੱਲੋਂ ਡੀ.ਆਰ.ਟੀ. ਚੰਡੀਗੜ੍ਹ ਦੇ ਹੁਕਮ ਅਨੁਸਾਰ ਪਿੰਡ ਹਵਾਸ ਹਦਬਸਤ ਨੰ:59, ਤਹਿਸੀਲ ਲੁਧਿਆਣਾ ਪੂਰਬੀ ਵਿੱਚ ਕਬਜ਼ੇ ਸਬੰਧੀ ਮਿਤੀ 10-01-2018 ਅਤੇ 11-01-2018 ਨੂੰ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਮਿੰਦਰ ਸਿੰਘ, ਰੀਡਰ ਨੇ ਕਿਹਾ ਕਿ ਉਨ੍ਹਾਂ ਦੇ ਪੱਤਰ ਨੰ:409/ਰੀਡਰ, ਮਿਤੀ 20-11-2018 ਰਾਹੀਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਕਮਿਸ਼ਨ ਵਿਖੇ ਪੇਸ਼ੀ ਦੌਰਾਨ ਸੂਚਨਾ ਦੀ ਇੱਕ ਕਾਪੀ ਅਪੀਲਕਰਤਾ ਨੂੰ ਮੌਕੇ ਤੇ ਦਸਤੀ ਵੀ ਮੁਹੱਈਆ ਕਰ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਦਿੱਤੀ ਗਈ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 30 ਅਪ੍ਰੈਲ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਵਿੰਦਰ ਕਟਾਰੀਆ (ਮੋਬ: 94631-33590)
ਮਕਾਨ ਨੰ:64, ਨਿਊ ਸੰਤ ਫਤਿਹ ਸਿੰਘ ਨਗਰ,
ਡੁੱਗਰੀ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:941/2019**

**ਹਾਜ਼ਰ:-**

1) ਸ਼੍ਰੀ ਰਵਿੰਦਰ ਕਟਾਰੀਆ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮੁੱਖ ਦਫ਼ਤਰ ਮਿੰਨੀ ਸਕੱਤਰੇਤ ਵਿਖੇ ਕੰਮ ਕਰ ਰਹੇ ਸੇਵਾ ਕੇਂਦਰ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਪਰੰਤੂ ਜ਼ਿਲ੍ਹਾ ਮਾਲ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ-ਕਮ-ਏ.ਪੀ.ਆਈ.ਓ., ਸੇਵਾ ਕੇਂਦਰ, ਲੁਧਿਆਣਾ ਨੂੰ ਤਬਦੀਲ ਕਰ ਦਿੱਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਜ਼ਿਲ੍ਹਾ ਮਾਲ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਵੱਲੋ ਉਤਰਦਾਤਾ, ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ-ਕਮ-ਏ.ਪੀ.ਆਈ.ਓ., ਸੇਵਾ ਕੇਂਦਰ, ਲੁਧਿਆਣਾ ਨੂੰ ਆਪਣੇ ਪੱਤਰ ਨੰ:973-974, ਮਿਤੀ 04-04-2019 ਰਾਹੀਂ ਹਦਾਇਤ ਕੀਤੇ ਜਾਣ ਦੇ ਬਾਵਜੂਦ ਵੀ ਉਹ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ-ਕਮ-ਏ.ਪੀ.ਆਈ.ਓ., ਸੇਵਾ ਕੇਂਦਰ, ਲੁਧਿਆਣਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਤੋ ਇਲਾਵਾ ਇਹ ਵੀ ਹਦਾਇਤ ਕੀਤੀ ਜ਼ਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ

ਚਲਦਾ----ਪੰਨਾ/2

**ਅਪੀਲ ਕੇਸ ਨੰ:941/2019**

ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣਾ ਲਿਖਤੀ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਆਪ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫ਼ਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਅਪ੍ਰੈਲ, 2019.**

**ਕਾਪੀ:-**

ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ-ਕਮ-
ਸਹਾਇਕ ਲੋਕ ਸੂਚਨਾ ਅਧਿਕਾਰੀ,
ਸੇਵਾ ਕੇਂਦਰ, ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਤਿੰਦਰ ਕੁਮਾਰ, (ਮੋਬ: 99885-24299)
ਪੁੱਤਰ ਸ਼੍ਰੀ ਲੋਕ ਰਾਜ,
ਮਕਾਨ ਨੰ: 1086,
ਸੈਕਟਰ-26, ਪੰਚਕੂਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੰਯੁਕਤ ਰਜਿਸਟਰਾਰ,
ਪੰਜਾਬ ਤੇ ਹਰਿਆਣਾ ਹਾਈਕੋਰਟ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਰਜਿਸਟਰਾਰ (ਪ੍ਰਸ਼ਾਸਨ),
ਪੰਜਾਬ ਤੇ ਹਰਿਆਣਾ ਹਾਈਕੋਰਟ,
ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 945/2019**

**ਹਾਜ਼ਰ:-**

1) ਸ਼੍ਰੀ ਜਤਿੰਦਰ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਤੀਸ਼ ਕੁਮਾਰ ਵਿੱਗ, ਸੰਯੁਕਤ ਰਜਿਸਟਰਾਰ (ਸੀ.ਓ.)-ਕਮ-ਲੋਕ ਸੂਚਨਾ ਅਧਿਕਾਰੀ (85588-30396) ਅਤੇ ਸ਼੍ਰੀ ਚਰਨਜੀਤ ਸਿੰਘ, ਸਹਾਇਕ (81469-92019)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-02-2018, ਲੋਕ ਸੂਚਨਾ ਅਧਿਕਾਰੀ ਦਫਤਰ ਸੰਯੁਕਤ ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਮੰਨਦੀਪ ਸਿੰਘ, ਸਿਵਲ ਜੱਜ, ਬਠਿੰਡਾ ਵੱਲੋਂ ਸਿਵਲ ਸੂਟ ਨੰ:266 ਆਫ 2017 ਵਿੱਚ ਮਿਤੀ 17-01-2019 ਨੂੰ ਹੁਕਮ ਪਾਸ ਕਰਦੇ ਸਮੇਂ ਅਪੀਲਕਰਤਾ ਵੱਲੋਂ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਪ੍ਰਾਪਤ ਕਰਨ ਲਈ ਮੈਡੀਕਲ ਅਧਾਰ ਤੇ ਭੇਜੀ ਗਈ ਈ.ਮੇਲ ਸਬੰਧੀ ਈ.ਮੇਲ ਦੀ ਵਰਤੋਂ ਨਾ ਕਰਨ ਦੀ ਸਲਾਹ ਦਿੱਤੀ ਗਈ ਸੀ, ਬਾਰੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀਆਂ ਹਦਾਇਤਾਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸਤੀਸ਼ ਕੁਮਾਰ ਵਿੱਗ, ਸੰਯੁਕਤ ਰਜਿਸਟਰਾਰ (ਸੀ.ਓ.)-ਕਮ-ਲੋਕ ਸੂਚਨਾ ਅਧਿਕਾਰੀ ਨੇ ਕਿਹਾ ਕਿ ਉਨ੍ਹਾਂ ਦੇ ਪੱਤਰ ਨੰ:362/ਪੀ.ਆਈ.ਓ./ਐਚ.ਸੀ., ਮਿਤੀ 08-02-2018 ਰਾਹੀਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ, ਸੂਚਨਾ ਦਾ ਅਧਿਕਾਰ ਐਕਟ,2005 ਦੀ ਧਾਰਾ 2(ਐਫ) ਤਹਿਤ "ਸੂਚਨਾ" ਦੀ ਪ੍ਰੀਭਾਸ਼ਾ ਵਿੱਚ ਕਵਰ ਨਾ ਹੋਣ ਕਾਰਨ ਮੁਹੱਈਆ ਨਹੀਂ ਕਰਵਾਈ ਸਕਦੀ। ਇਸ ਤੋਂ ਇਲਾਵਾ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 945/2019**

ਅਪੀਲਕਰਤਾ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਦਾਇਰ ਕੀਤੀ ਗਈ ਪਹਿਲੀ ਅਪੀਲ ਵੀ ਪਹਿਲੀ ਅਪੀਲੀ ਅਥਾਰਟੀ ਦੇ ਹੁਕਮ, ਮਿਤੀ 20-02-2019 ਰਾਹੀਂ ਰੱਦ ਕੀਤੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪ੍ਰਸ਼ਨਾਵਲੀ ਦੇ ਰੂਪ ਵਿੱਚ ਹੋਣ ਕਰਕੇ ਸੂਚਨਾ ਦਾ ਅਧਿਕਾਰ ਐਕਟ,2005 ਤਹਿਤ ਮੁਹੱਈਆ ਕਰਵਾਉਣੀ ਨਹੀਂ ਬਣਦੀ। ਇਸ ਲਈ ਉੱਤਰਦਾਤਾ ਵੱਲੋਂ ਇਹ ਅਪੀਲ ਰੱਦ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਅਪੀਲਕਰਤਾ ਨੇ ਕਿਹਾ ਹੈ ਕਿ ਉਹ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵਲੋਂ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਜਵਾਬ ਭੇਜਿਆ ਜਾ ਚੁੱਕਾ ਹੈ ਜੋ ਕਿ ਤਸੱਲੀਬਖਸ਼ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 30 ਅਪ੍ਰੈਲ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 947/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸਰਬਜੀਤ ਸਿੰਘ ਕਾਹਲੋਂ (98885-64456) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਮਿੰਦਰ ਸਿੰਘ, ਰੀਡਰ (81467-18888)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-07-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਐਲ.ਆਈ.ਟੀ. ਮੀਮੋਂ:ਨੰ: ਐਲ.ਆਈ.ਟੀ./1118, ਮਿਤੀ 10-02-2004 ਰਾਹੀਂ ਖਸਰਾ ਨੰ:5983//18/1 ਅਤੇ 5983//18/19 ਦੀ ਨਿਸ਼ਾਨਦੇਹੀ (Demarcation) ਲਈ ਕੀਤੀਆਂ ਗਈਆਂ ਬੇਨਤੀਆਂ ਅਤੇ ਅਜਿਹੀਆਂ ਹੀ ਪ੍ਰਤੀਬੇਨਤੀਆਂ, ਮਿਤੀ 16-10-02, 07-06-04, 17-08-04 ਅਤੇ 03-07-06 ਆਦਿ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਹਾਜ਼ਰ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਮਿੰਦਰ ਸਿੰਘ, ਰੀਡਰ ਵੱਲੋਂ ਲਿਖਤੀ ਰੂਪ ਵਿੱਚ ਬਿਨੈ-ਪੱਤਰ, ਮਿਤੀ 30-04-2019 ਪੇਸ਼ ਕੀਤਾ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਤਹਿਸੀਲ, ਲੁਧਿਆਣਾ (ਪੂਰਬੀ) ਦੇ ਆਰ.ਟੀ.ਆਈ. ਕਲਰਕ ਦੀ ਇੱਕ ਮਹੀਨੇ ਦੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 947/2019**

ਚਾਈਲਡ ਕੇਅਰ ਲੀਵ ਹੋਣ ਕਾਰਨ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਨੈ-ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰੋਹਿਤ ਸੱਭਰਵਾਲ (ਪ੍ਰਧਾਨ),
ਕੁੰਦਨ ਭਵਨ, 126 ਮਾਡਲ ਗਰਾਮ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:958/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬੂਟਾ ਸਿੰਘ ਕਲਰਕ (98156-74921, 18147-18761)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-11-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਰਕਾਰੀ ਕਰਮਚਾਰੀਆਂ ਲਈ ਪੰਜਾਬ ਸਰਕਾਰ ਵੱਲੋਂ ਤੋਹਫੇ ਪ੍ਰਾਪਤ ਕਰਨ ਲਈ ਮਿੱਥੀ ਗਈ ਵਿੱਤੀ ਹੱਦ ਤੋਂ ਵੱਧ ਪ੍ਰਾਪਤ ਕੀਤੇ ਗਏ ਤੋਹਫਿਆਂ ਨੂੰ ਲਾਜ਼ਮੀ ਡਿਕਲੇਅਰ ਕਰਨ ਨਾਲ ਸਬੰਧਤ ਰੂਲਾਂ ਆਦਿ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀਮਤੀ ਸੁਖਜਿੰਦਰ ਕੌਰ, ਐਡਵੋਕੇਟ ਰਾਹੀਂ ਭੇਜੀ ਗਈ ਈ.ਮੇਲ, ਮਿਤੀ 26-04-2019 ਦੁਆਰਾ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਆਰ.ਟੀ.ਆਈ. ਐਕਟ, 2005 ਦੀ ਧਾਰਾ 20(1) ਤਹਿਤ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ ਕਲਰਕ ਨੇ ਕਿਹਾ ਕਿ ਉਨ੍ਹਾਂ ਵਲੋਂ ਆਪਣੇ ਪੱਤਰ ਨੰ:608/ਅਸ/ਅਕ-1, ਮਿਤੀ 04-02-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜ਼ਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰੋਹਿਤ ਸੱਭਰਵਾਲ (ਪ੍ਰਧਾਨ),
ਕੁੰਦਨ ਭਵਨ, 126 ਮਾਡਲ ਗਰਾਮ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਅਸਿਸਟੈਂਟ ਇੰਸਪੈਕਟਰ ਜਨਰਲ, ਪੁਲਿਸ /ਪਰਸ-1,
ਐਡਮਿਨ ਵਿੰਗ ਦਫਤਰ ਡਾਇਰੈਕਟਰ ਜਨਰਲ ਆਫ
ਪੁਲਿਸ, ਪੰਜਾਬ,ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ (ਐਡਮਿਨ),
ਪੰਜਾਬ, ਹੈੱਡ-ਕੁਆਟਰਜ਼, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:959/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-10-2018, ਲੋਕ ਸੂਚਨਾ ਅਧਿਕਾਰੀ ਦਫਤਰ ਅਸਿਸਟੈਂਟ ਇੰਸਪੈਕਟਰ ਜਨਰਲ, ਪੁਲਿਸ /ਪਰਸ-1, ਐਡਮਿਨ ਵਿੰਗ ਦਫਤਰ ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ,ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਹਰਮੰਦਰ ਸਾਹਿਬ ਕੰਪਲੈਕਸ, ਅੰਮ੍ਰਿਤਸਰ ਵਿਖੇ ਸਾਲ 1984 ਵਿੱਚ ਆਪ੍ਰੇਸ਼ਨ ਬਲੂਅ ਸਟਾਰ ਦੌਰਾਨ ਮਾਰੇ ਗਏ/ਜ਼ਖਮੀ ਹੋਏ ਵਿਅਕਤੀਆਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀਮਤੀ ਸੁਖਜਿੰਦਰ ਕੌਰ, ਐਡਵੋਕੇਟ ਰਾਹੀਂ ਭੇਜੀ ਗਈ ਈ.ਮੇਲ, ਮਿਤੀ 26-04-2019 ਦੁਆਰਾ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਆਰ.ਟੀ.ਆਈ. ਐਕਟ, 2005 ਦੀ ਧਾਰਾ 20(1) ਤਹਿਤ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:972/ਅਰ.ਟੀ.ਆਈ.-2, ਮਿਤੀ 08-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:4711/ਅਰ.ਟੀ.ਆਈ.-2, ਮਿਤੀ 21-12-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਨਾਜੁਕ ਵਿਸ਼ਾ ਹੋਣ ਕਰਕੇ ਆਰ.ਟੀ.ਆਈ. ਐਕਟ, 2005 ਦੀ ਧਾਰਾ 8(1)(ਏ) ਅਤੇ 8(1) (ਜੀ) ਤਹਿਤ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਉਨ੍ਹਾਂ ਵੱਲੋਂ ਇਸ ਸਬੰਧੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:959/2019**

ਇਸ ਕੇਸ ਨਾਲ ਮਿਲਦੇ-ਜੁਲਦੇ ਇੱਕ ਹੋਰ ਕੇਸ, ਅਪੀਲ ਕੇਸ ਨੰ:2245 ਆਫ 2017-ਸ਼੍ਰੀ ਨਵਦੀਪ ਗੁਪਤਾ ਬਨਾਮ ਅਸਿਸਟੈਂਟ ਇੰਸਪੈਕਟਰ ਜਨਰਲ, ਪੁਲਿਸ /ਪਰਸ-2, ਪੁਲਿਸ ਹੈੱਡ-ਕੁਆਟਰਜ਼, ਚੰਡੀਗੜ੍ਹ ਵਿੱਚ ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਪਾਸ ਕੀਤੇ ਗਏ ਹੁਕਮ, ਮਿਤੀ 25-06-2018 ਦੀ ਕਾਪੀ ਵੀ ਭੇਜੀ ਗਈ ਹੈ ਜਿਸ ਅਨੁਸਾਰ ਉੱਤਰਦਾਤਾ ਦੇ ਪੱਖ ਵਿੱਚ ਫੈਸਲਾ ਕੀਤਾ ਗਿਆ ਹੈ।

4. ਅਪੀਲਕਰਤਾ ਨੂੰ ਹਦਾਇਤ ਕੀਤੀ ਜ਼ਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 30 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰੁਨ ਕੁਮਾਰ,
ਪੁੱਤਰ ਸ਼੍ਰੀ ਰਮੇਸ਼ ਚੰਦਰ ਦੱਤਾ,
ਵਾਰਡ ਨੰ: 8 ਨੇੜੇ ਦੁਰਗਾ ਮੰਦਰ ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਸਿੱਖਿਆ (ਸੈ:ਸਿੱ) ਪੰਜਾਬ,
ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 119/2019**

**ਹਾਜ਼ਰ:-**

1) ਸ਼੍ਰੀ ਅਰੁਨ ਕੁਮਾਰ, ਸ਼ਿਕਾਇਤਕਰਤਾ।
2) ਉੱਤਰਦਾਤਾ, ਵੱਲੋਂ ਸ਼੍ਰੀ ਬਲਜਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ (79862-47938) ਅਤੇ ਸ਼੍ਰੀ ਗੁਰਪ੍ਰੀਤ ਸਿੰਘ, ਸੀਨੀਅਰ ਸਹਾਇਕ (95925-57500)

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ, ਸ਼੍ਰੀ ਬਲਜਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:24/161-18 ਅ4(3), ਮਿਤੀ 01-01-2019, ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਦੇ ਨੁਕਤਾ ਨੰ:2 ਰਾਹੀਂ ਮੰਗੀ ਗਈ ਨੋਟੀਫਿਕੇਸ਼ਨ ਦੀ ਕਾਪੀ ਸ਼ਿਕਾਇਤਕਰਤਾ ਨੂੰ ਮੌਕੇ ਤੇ ਦਸਤੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਦੇ ਨੁਕਤਾ ਨੰ:1 ਰਾਹੀਂ ਮੰਗੀ ਗਈ ਸੂਚਨਾ ਬਾਰੇ ਸ਼ਿਕਾਇਤਕਰਤਾ ਨੂੰ ਵੈੱਬਸਾਈਟ ਦੇ ਪੂਰੇ ਵੇਰਵਾ ਬਾਰੇ ਸੂਚਿਤ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਸ਼ਾਲ ਜ਼ੋਸ਼ੀ
ਨਿਵਾਸੀ 1697/12, ਗਲੀ ਛੱਜੂ ਮਿਸ਼ਰ ,
ਚੌਕ ਫਰੀਦ, ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ,
17 ਬੇਜ਼ ਬਿਲਡਿੰਗ, ਕਮਰਾ ਨੰ:12, ਤੀਜੀ ਮੰਜ਼ਿਲ,
ਸੈਕਟਰ 17 ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ,
17 ਬੇਜ਼ ਬਿਲਡਿੰਗ, ਕਮਰਾ ਨੰ:12, ਤੀਜੀ ਮੰਜ਼ਿਲ,
ਸੈਕਟਰ 17 ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:332/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ ਅਤੇ ਸ਼੍ਰੀ ਸਤਨਾਮ ਸਿੰਘ, ਕਲਰਕ (98556-11320)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਰਜਿਸਟਰੇਸ਼ਨ ਨੰ:171 ਆਫ 2006-07 (7ਮਾਰਚ, 2007) ਸ਼ੇਸ਼ ਨਾਗ ਵੂਮੈਨ ਸੋਸਾਇਟੀ 2226/2, ਗਲੀ ਅਰਾਇਆਂ, ਮਹਾਨ ਸਿੰਘ ਗੇਟ, ਅੰਮ੍ਰਿਤਸਰ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 10-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 06-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 30-04-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਵੱਲੋਂ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਤਰੁੱਟੀਆਂ ਬਾਰੇ ਮਿਤੀ 08-04-2019 ਨੂੰ ਰਜਿਸਟਰਡ ਡਾਕ ਰਾਹੀਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਪਰੰਤੂ ਉਸ ਨੂੰ ਅਜੇ ਤੱਕ ਸੂਚਨਾ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:332/2019**

ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗੀ ਕੀਤੀ ਗਈ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ ਨੇ ਪੱਤਰ ਨੰ:4988-ਏ, ਮਿਤੀ 30-04-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਕੀਤਾ ਹੋਇਆ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਗਿਆ ਹੈ ਕਿ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਅਪ੍ਰੈਲ, 2019.**